## ਡਾਇਰੈਕਟੋਰੇਟ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ, ਚੰਡੀਗੜ੍ਹ।

### ਦਫਤਰੀ ਹੁਕਮ

ਨੰ: 4ਐਮਈ 2-ਪੰ:-15/ 19609 ਮਿਤੀ ਚੰਡੀਗੜ੍ਹ:-04-11-15

ਇਸ ਦਫਤਰੀ ਹੁਕਮ ਰਾਹੀਂ ਹੇਠ ਲਿਖੇ ਲਬਾਟਰੀ ਅਟੈਂਡੈਂਟ ਕਰਮਚਾਰੀਆਂ ਦੀ ਤਰੱਕੀ ਬਤੌਰ ਮੈਡੀਕਲ ਲਬਾਟਰੀ ਟੈਕਨੀਸੀਅਨ ਗ੍ਰੇਡ-2 ਤਨਖਾਹ ਸਕੇਲ ਰੁਪਏ 10300 - 34800 ਜਮਾ ਗਰੇਡ ਪੇ 3600 ਰੁਪਏ ਵਿਚ ਵਿਭਾਗ ਦੀ ਪੈਰਾ ਮੈਡੀਕਲ ਸਟਾਫ ਦੀਆਂ ਅਸਾਮੀਆਂ ਦੇ ਡਰਾਫਟ ਰੂਲਾਂ ਵਿਚ ਦਰਜ ਉਪਬੰਧਾਂ ਦੇ ਤਹਿਤ ਆਰਜੀ ਤੌਰ ਤੇ ਕੀਤੀ ਜਾਂਦੀ ਹੈ ਅਤੇ ਕਰਮਚਾਰੀਆਂ ਦੀ ਤਰੱਕੀ ਉਪਰੰਤ ਤੈਨਾਤੀ ਇਹਨਾਂ ਦੇ ਨਾਵਾਂ ਸਾਹਮਣੇ ਦਰਸਾਈ ਸੰਸਥਾਵਾਂ ਵਿਚ ਹੇਠ ਲਿਖੇ ਅਨੁਸਾਰ ਕੀਤੀ ਜਾਂਦੀ ਹੈ:-

| ਲੜੀ ਨੰ: | ਕਰਮਚਾਰੀ ਦਾ ਨਾਂ, ਅਹੁਦਾ ਅਤੇ ਮੌਜੂਦਾ ਤੈਨਾਤੀ ਦੀ ਥਾਂ | ਤਰੱਕੀ ਉਪਰੰਤ ਤੈਨਾਤੀ ਦੀ ਥਾਂ | ਵਿਸੇਸ ਕੱਥਣ |
|---|---|---|---|
| 1. | ਸੁਖਦੇਵ ਸਿੰਘ, ਗੁ. ਗੋ. ਸਿੰਘ ਮੈਡੀਕਲ ਕਾਲਜ, ਫਰੀਦਕੋਟ (ਐਸ.ਸੀ.) | ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ | |
| 2. | ਰਾਜ ਰਾਣੀ, ਗੁ. ਗੋ. ਸਿੰਘ ਮੈਡੀਕਲ ਕਾਲਜ, ਫਰੀਦਕੋਟ (ਜਰਨਲ ਅਤੇ ਹੈਡੀਂਕੈਪ ) | ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ | |
| 3. | ਰਣਜੀਤ ਸਿੰਘ, ਸਰਕਾਰੀ ਮੈਡੀਕਲ ਕਾਲਜ, ਅਮ੍ਰਿੰਤਸਰ (ਬੀ.ਸੀ.) | ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ | |
| 4. | ਸਰਬਜੀਤ ਕੋਰ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ (ਜਰਨਲ ਅਤੇ ਹੈਡੀਕੈਪ ) | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | |
| 5. | ਸੁਦੇਸ ਸਰਮਾ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ (ਜਰਨਲ) | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | |
| 6. | ਗੁਰਮੀਤ ਸਿੰਘ ਪੁੱਤਰ ਸ੍ਰੀ ਰਾਜਿੰਦਰ ਸਿੰਘ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਸਰਕਾਰੀ ਡੈਂਟਲ ਕਾਲਜ, ਪਟਿਆਲਾ | |
| 7. | ਗੁਲਵੰਤ ਸਿੰਘ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ (ਐਸ.ਸੀ. ਅਤੇ ਹੈਂਡੀਕੈਪ ) | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | |
| 8. | ਸ੍ਰੀ ਨਵਲ ਕਿਸੋਰ, ਮੈਡੀਕਲ ਕਾਲਜ, ਪਟਿਆਲਾ (ਜਰਨਲ) | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | |
| 9. | ਹਰਭਜਨ ਲਾਲ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ (ਜਰਨਲ) | ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ | |
| 10. | ਜਸਵੰਤ ਸਿੰਘ, ਸਰਕਾਰੀ ਮੈਡੀਕਲ ਕਾਲਜ, ਅਮ੍ਰਿੰਤਸਰ (ਬੀ..ਸੀ.) | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | |
| 11. | ਗੁਰਮੀਤ ਸਿੰਘ, ਸਰਕਾਰੀ ਮੈਡੀਕਲ ਕਾਲਜ, ਅਮ੍ਰਿੰਤਸਰ (ਐਸ.ਸੀ.) | ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ | |
| 12. | ਜੱਜ ਪਾਲ ਸਿੰਘ, ਗੁ. ਗੋ. ਸਿੰਘ ਮੈਡੀਕਲ ਕਾਲਜ, ਫਰੀਦਕੋਟ (ਜਰਨਲ) | ਸਰਕਾਰੀ ਮੈਡੀਕਲ ਕਾਲਜ, ਅਮ੍ਰਿਤਸਰ | |
| 13. | ਚੰਦਰ ਮੋਹਨ, ਐਸ.ਜੀ.ਟੀ.ਬੀ.ਹਸਪਤਾਲ, ਅਮ੍ਰਿਤਸਰ (ਜਰਨਲ) | ਸਰਕਾਰੀ ਮੈਡੀਕਲ ਕਾਲਜ, ਅਮ੍ਰਿਤਸਰ | |
| 14. | ਸ੍ਰੀਮਤੀ ਮਨਜੀਤ ਕੌਰ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | |

ਇਹ ਤਰੱਕੀ ਹੇਠ ਲਿਖੀ ਸਰਤਾਂ ਤੇ ਕੀਤੀ ਜਾਂਦੀ ਹੈ:

1. ਇਹ ਤਰਕੀ ਬਿਲਕੁਲ ਆਰਜੀ ਤੌਰ ਤੇ ਕੀਤੀ ਜਾਂਦੀ ਹੈ, ਜੇਕਰ ਇਹਨਾਂ ਆਸਾਮੀਆਂ ਲਈ ਵਿਚਾਰੇ ਗਏ ਕਰਮਚਾਰੀਆਂ ਵਿਚੋਂ ਕੋਈ ਕਰਮਚਾਰੀ ਇਹਨਾਂ ਤੋਂ ਸੀਨੀਅਰ ਪਾਇਆ ਗਿਆ ਤਾਂ ਜੂਨੀਅਰ ਕਰਮਚਾਰੀ ਨੂੰ ਤੁਰੰਤ ਉਸਦੀ ਪਹਿਲੀ ਆਸਾਮੀ ਤੇ ਰਿਵਰਟ ਕਰ ਦਿਤਾ ਜਾਵੇਗਾ।

2. ਜੇਕਰ ਬਾਦ ਵਿਚ ਕਿਸੇ ਸਟੇਜ ਤੇ ਇਹ ਪਾਇਆ ਗਿਆ ਕਿ ਕੋਈ ਵੀ ਕਰਮਚਾਰੀ ਇਸ ਆਸਾਮੀ ਲਈ ਲੌੜੀਦੀਂ ਵਿਦਿਅਕ ਯੋਗਤਾਵਾਂ ਜਾਂ ਤਜਰਬਾ ਪੂਰਾ ਨਹੀਂ ਕਰਦਾ ਹੈ ਤਾਂ ਉਸ ਕਰਮਚਾਰੀ ਨੂੰ ਤੁਰੰਤ ਉਸਦੀ ਪਹਿਲੀ ਆਸਾਮੀ ਤੇ ਰਿਵਰਟ ਕਰ ਦਿਤਾ ਜਾਵੇਗਾ।

3. ਇਹ ਤਰੱਕੀ ਕਾਰਨ ਨਵੀਂ ਆਸਾਮੀਂ ਤੇ ਹਾਜਰ ਹੋਣ ਕਾਰਣ ਕਰਮਚਾਰੀ ਨੂੰ ਇਕ ਸਾਲ ਦੇ ਸਮੇਂ ਲਈ ਪਰਖ ਕਾਲ ਸਮਾਂ ਤਸੱਲੀਬਖਸ ਤਰੀਕੇ ਨਾਲ ਪਾਰ ਕਰਨਾਂ ਪਵੇਗਾ, ਜੇਕਰ ਇਸ ਪਰਖ ਕਾਲ ਸਮੇਂ ਦੌਰਾਨ ਕਰਮਚਾਰੀ ਦਾ ਕੰਮ ਕਾਜ ਤਸਲੀਬਖਸ ਨਾ ਪਾਇਆ ਗਿਆ ਤਾਂ ਕਰਮਚਾਰੀ ਨੂੰ ਬਿਨਾਂ ਕੋਈ ਕਾਰਨ ਦਸੇ ਉਸਦੀ ਪਹਿਲੀ ਆਸਾਮੀ ਤੇ ਰਿਵਰਟ ਕਰ ਦਿਤਾ ਜਾਵੇਗਾ।

4. ਕਰਮਚਾਰੀ ਨੂੰ ਇਹਨਾਂ ਹੁਕਮਾਂ ਦੀ ਪਾਲਣਾਂ ਵਿਚ ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਹੋਣ ਲਈ ਤੁਰੰਤ ਰਲੀਵ ਕਰ ਦਿਤਾ ਜਾਵੇ ਅਤੇ ਕਰਮਚਾਰੀਆਂ ਨੂੰ ਇਹ ਹੁਕਮ ਜਾਰੀ ਹੋਣ ਦੇ 15 ਦਿਨਾਂ ਦੇ ਅੰਦਰ ਅੰਦਰ ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਹੋਣਾ ਪਵੇਗਾ ਜੇਕਰ ਕੋਈ ਕਰਮਚਾਰੀ ਮਿਥੇ ਸਮੇਂ, 15 ਦਿਨਾਂ ਦੇ ਅੰਦਰ ਅੰਦਰ ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਨਹੀਂ ਹੁੰਦਾਂ ਤਾਂ ਉਸ ਦੀ ਤੱਰਕੀ ਦੇ ਹੁਕਮ ਰੱਦ ਸਮਝੇ ਜਾਣਗੇ ਅਤੇ ਕਰਮਚਾਰੀ ਨੂੰ ਇਸ ਤਰਕੀ ਤੇ ਵਿਚਾਰਣ ਲਈ 2 ਸਾਲ ਦੇ ਸਮੇਂ ਲਈ ਡੀਬਾਰ ਕੀਤਾ ਜਾਵੇਗਾ।

5. ਕਰਮਚਾਰੀ ਨੂੰ ਤਰਕੀ ਉਪਰੰਤ ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਹੋਣ ਤੋਂ ਪਹਿਲਾਂ ਉਕਤ ਸ਼ਰਤਾਂ ਦੀ ਸਹਿਮਤੀ ਬਾਰੇ ਤਸਦੀਕਸੁਦਾ ਹਲਫਿਆ ਬਿਆਨ ਲੈ ਲਿਆ ਜਾਵੇ ਅਤੇ ਇਹ ਹਲਫਿਆ ਬਿਆਨ ਕਰਮਚਾਰੀਆਂ ਦੀ ਹਾਜਰੀ ਰਿਪੋਟ, ਜੋ ਸੰਸਥਾਂ ਦੇ ਮੁਖੀ ਵਲੋਂ ਸਹੀ ਕੀਤੀ ਹੋਵੇ, ਦੇ ਨਾਲ ਇਸ ਦਫਤਰ ਨੂੰ ਭੇਜੇ ਜਾਣ।

6. ਇਹ ਤਸਦੀਕ ਕੀਤਾ ਜਾਂਦਾ ਹੈ ਕਿ ਜੇਕਰ ਇਹਨਾਂ ਕਰਮਚਾਰੀਆਂ ਦੀ ਤਰੱਕੀ ਬਤੌਰ ਮੈਡੀਕਲ ਲਬਾਟਰੀ ਟੈਕਨੀਸੀਅਨ ਗ੍ਰੇਡ-1 ਨਹੀਂ ਕੀਤੀ ਜਾਂਦੀ ਤਾਂ ਉਹਨਾਂ ਨੇ ਮੈਡੀਕਲ ਲਬਾਟਰੀ ਟੈਕਨੀਸੀਅਨ ਗ੍ਰੇਡ-2 ਦੀ ਪੁਰਾਣੀ ਆਸਾਮੀ ਤੇ ਹੀ ਕੰਮ ਕਰਨਾ ਸੀ।

5/11/15

**ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ।**

**ਪਿੱਠ ਅੰ:ਨੰ:4ਐਮ.ਈ.2-ਪੰ-15/** 19610-33 **ਮਿਤੀ ਚੰਡੀਗੜ੍ਹ:-** 04-11-15

ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਅਗਲੀ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ। ਕਰਮਚਾਰੀਆਂ ਦੀ ਫਾਰਗੀ ਅਤੇ ਹਾਜਰੀ ਰਿਪੋਟਾਂ ਇਸ ਦਫਤਰ ਨੂੰ ਭੇਜੀਆਂ ਜਾਣ ਅਤੇ ਜੇਕਰ ਕਰਮਚਾਰੀ/ ਕਰਮਚਾਰਨ ਮਿੱਥੇ ਸਮੇਂ ਦੇ ਅੰਦਰ-2 ਹਾਜਰ ਨਹੀਂ ਹੁੰਦਾਂ ਤਾਂ ਇਹ ਰਿਪੋਰਟ ਇਸ ਦਫਤਰ ਨੂੰ ਭੇਜੀ ਜਾਵੇ:-

1. ਪ੍ਰਿੰਸੀਪਲ, ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ/ ਪਟਿਆਲਾ/ ਗੁ. ਗੋ. ਸਿੰਘ ਮੈਡੀਕਲ ਕਾਲਜ, ਫਰੀਦਕੋਟ
2. ਮੈਡੀਕਲ ਸੁਪਰਡੰਟ, ਰਾਜਿੰਦਰਾ ਹਸਪਤਾਲ, ਪਟਿਆਲਾ/ ਐਸ.ਜੀ.ਟੀ.ਬੀ.ਹਸਪਤਾਲ, ਅੰਮ੍ਰਿਤਸਰ/ ਗੁ. ਗੋ. ਸਿੰਘ ਹਸਪਤਾਲ, ਫਰੀਦਕੋਟ।
3. ਪ੍ਰਿੰਸੀਪਲ, ਸਰਕਾਰੀ ਡੈਂਟਲ ਕਾਲਜ ਅਤੇ ਹਸਪਤਾਲ, ਪਟਿਆਲਾ/ ਅੰਮ੍ਰਿਤਸਰ।
4. ਡਿਪਟੀ ਮੈਡੀਕਲ ਸੁਪਰਡੰਟ, ਟੀ ਬੀ ਹਸ਼ਪਤਾਲ, ਪਟਿਆਲਾ/ ਅੰਮ੍ਰਿਤਸਰ।
5. ਸੰਬਧਤ ਕਰਮਚਾਰੀਆਂ ਨੂੰ।

5/11/15

**ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ।**

**ਪਿੱਠ ਅੰ:ਨੰ:4ਐਮ.ਈ.2-ਪੰ-15/** 19634 **ਮਿਤੀ ਚੰਡੀਗੜ੍ਹ:-** 04-11-15

ਉਤਾਰਾ ਪ੍ਰੱਮੁਖ ਸਕੱਤਰ ਪੰਜਾਬ ਸਰਕਾਰ, ਮੈਡੀਕਲ ਸਿਖਿਆ ਅਤੇ ਖੋਜ ਵਿਭਾਗ, ਚੰਡੀਗੜ੍ਹ ਨੂੰ ਸੂਚਨਾਂ ਅਤੇ ਅਗਲੀ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ।

5/11/15

**ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ।**